ਸਿਰੀਰਾਗੁ ਮਹਲਾ ੫ ॥ ਸਰਣਿ ਪਏ ਪ੍ਰਭ ਆਪਣੇ ਗੁਰੁ ਹੋਆ ਕਿਰਪਾਲੁ ॥ ਸਤਗੁਰ ਕੈ ਉਪਦੇਸਿਐ ਬਿਨਸੇ ਸਰਬ ਜੰਜਾਲ ॥ ਅੰਦਰੁ ਲਗਾ ਰਾਮ ਨਾਮਿ ਅੰਮ੍ਰਿਤ ਨਦਰਿ ਨਿਹਾਲੁ ॥੧॥ ਮਨ ਮੇਰੇ ਸਤਿਗੁਰ ਸੇਵਾ ਸਾਰੁ ॥ ਕਰੇ ਦਇਆ ਪ੍ਰਭੁ ਆਪਣੀ ਇਕ ਨਿਮਖ ਨ ਮਨਹੁ ਵਿਸਾਰੁ ॥ ਰਹਾਉ ॥ ਗੁਣ ਗੋਵਿੰਦ ਨਿਤ ਗਾਵੀਅਹਿ ਅਵਗੁਣ ਕਟਣਹਾਰ ॥ ਬਿਨੁ ਹਰਿ ਨਾਮ ਨ ਸੁਖੁ ਹੋਇ ਕਰਿ ਡਿਠੇ ਬਿਸਥਾਰ ॥ ਸਹਜੇ ਸਿਫਤੀ ਰਤਿਆ ਭਵਜਲੁ ਉਤਰੇ ਪਾਰਿ ॥ ੨॥ ਤੀਰਥ ਵਰਤ ਲਖ ਸੰਜਮਾ ਪਾਈਐ ਸਾਧੂ ਧੂਰਿ ॥ ਲੂਕਿ ਕਮਾਵੈ ਕਿਸ ਤੇ ਜਾ ਵੇਖੈ ਸਦਾ ਹਦੂਰਿ ॥ ਥਾਨ ਥਨੰਤਰਿ ਰਵਿ ਰਹਿਆ ਪ੍ਰਭੁ ਮੇਰਾ ਭਰਪੂਰਿ ॥ ੩॥ ਸਚੁ ਪਾਤਿਸਾਹੀ ਅਮਰੁ ਸਚੁ ਸਚੇ ਸਚਾ ਥਾਨੁ ॥ ਸਚੀ ਕੁਦਰਤਿ ਧਾਰੀਅਨੁ ਸਚਿ ਸਿਰਜਿਓਨੁ ਜਹਾਨੁ ॥ ਨਾਨਕ ਜਪੀਐ ਸਚੁ ਨਾਮੁ ਹਉ ਸਦਾ ਸਦਾ ਕੁਰਬਾਨੁ ॥੪॥੧੬॥੮੬॥ {ਪੰਨਾ 48}

ਪਦਅਰਥ:- ਸਰਣਿ ਪ੍ਰਭੂ—ਪ੍ਰਭੂ ਦੀ ਸਰਨ ਵਿਚ। ਅੰਦਰੁ—ਹਿਰਦਾ {ਨੋਟ:- ਲਫ਼ਜ਼ 'ਅੰਦਰੁ' ਨਾਂਵ ਹੈ। ਇਸ ਦਾ ਤੇ ਲਫ਼ਜ਼ 'ਅੰਦਰਿ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ}। ਨਾਮਿ—ਨਾਮ ਵਿਚ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ। ਨਿਹਾਲੁ—ਪ੍ਰਸੰਨ, ਹਰਾ—ਭਰਾ।1।

ਸਾਰੁ—ਸੰਭਾਲ। ਨਿਸਖ—ਅੱਖ ਝਮਕਣ ਜਿਤਨਾ ਸਮਾ। {inmy—}। ਰਹਾਉ।

ਗਾਵੀਅਹਿ—ਗਾਏ ਜਾਣੇ ਚਾਹੀਦੇ ਹਨ। ਕਟਣਹਾਰ—ਕੱਟਣ ਦੇ ਸਮਰੱਥ। ਬਿਸਥਾਰ—(ਮਾਇਆ ਦੇ) ਖਿਲਾਰੇ। ਸਹਜੇ—ਸਹਜਿ, ਆਤਮਕ ਅਡੋਲਤਾ ਵਿਚ (ਟਿਕ ਕੇ)। ਭਵਜਲੁ—ਸੰਸਾਰ-ਸਮੁੰਦਰ।2।

ਸੰਜਮਾ—ਇੰਦ੍ਰੀਆਂ ਨੂੰ ਵਿਕਾਰਾਂ ਤੋਂ ਬਚਾਣ ਦੇ ਸਾਧਨ। ਸਾਧੂ—ਗੁਰੂ। ਲੂਕਿ—ਲੁਕ ਕੇ। ਕਿਸ ਤੇ—ਕਿਸ ਤੋਂ {ਨੋਟ:- ਲਫ਼ਜ਼ ਕਿਸੁ' ਦਾ ੁ ਸੰਬੰਧਕ 'ਤੇ' ਦੇ ਕਾਰਨ ਉੱਡ ਗਿਆ ਹੈ। ਵੇਖੋ 'ਗੁਰਬਾਣੀ ਵਿਆਕਰਣ'}। ਜਾ—ਕਿਉਂਕਿ। ਥਾਨ ਥਨੰਤਰਿ—ਥਾਨ ਥਾਨ ਅੰਤਰਿ, ਹਰ ਥਾਂ ਵਿਚ। ਭਰਪੂਰਿ—ਪੂਰੇ ਤੌਰ ਤੇ।3।

ਸਚੁ—ਸਦਾ-ਥਿਰ ਰਹਿਣ ਵਾਲੀ। ਅਮਰੁ—ਹੁਕਮ। ਸਚੇ—ਸਦਾ-ਥਿਰ ਰਹਿਣ ਵਾਲੇ ਦਾ। ਧਾਰੀਅਨੁ—ਧਾਰੀ ਹੈ ਉਸ ਨੇ। ਸਚਿ—ਸਚਾ-ਥਿਰ ਪ੍ਰਭੂ ਨੇ। ਸਿਰਜਿਓਨੁ—ਪੈਦਾ ਕੀਤਾ ਹੈ ਉਸ ਨੇ।4।

ਅਰਥ:- ਹੇ ਮੇਰੇ ਮਨ! ਗੁਰੂ ਦੀ (ਦੱਸੀ ਹੋਈ) ਸੇਵਾ ਧਿਆਨ ਨਾਲ ਕਰ, ਪਰਮਾਤਮਾ ਨੂੰ ਅੱਖ ਦੇ ਫੋਰ ਜਿਤਨੇ ਸਮੇਂ ਵਾਸਤੇ ਭੀ ਆਪਣੇ ਮਨ ਤੋਂ ਨਾਹ ਭੁਲਾ। ਜੇਹੜਾ ਮਨੁੱਖ ਇਹ ਉੱਦਮ ਕਰਦਾ ਹੈ, ਪਰਮਾਤਮਾ ਉਸ ਉੱਤੇ ਆਪਣੀ ਮਿਹਰ ਕਰਦਾ ਹੈ।1। ਰਹਾਉ।

ਜਿਸ ਮਨੁੱਖ ਉਤੇ ਗੁਰੂ ਦਇਆਵਾਨ ਹੁੰਦਾ ਹੈ, ਉਹ ਆਪਣੇ ਪਰਮਾਤਮਾ ਦੀ ਸਰਨ ਪੈਂਦਾ ਹੈ, ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਉਸ ਮਨੁੱਖ ਦੇ (ਮਾਇਆ-ਮੋਹ ਵਾਲੇ) ਸਾਰੇ ਜੰਜਾਲ ਨਾਸ ਹੋ ਜਾਂਦੇ ਹਨ; ਉਸ ਦਾ ਹਿਰਦਾ ਪਰਮਾਤਮਾ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ, ਪਰਮਾਤਮਾ ਦੀ ਮਿਹਰ ਦੀ ਨਿਗਾਹ ਨਾਲ ਉਸ ਦਾ ਹਿਰਦਾ ਖਿੜ ਆਉਂਦਾ ਹੈ।1।

(ਹੇ ਭਾਈ!) ਸਦਾ ਪਰਮਾਤਮਾ ਦੇ ਗੁਣ ਗਾਵਣੇ ਚਾਹੀਦੇ ਹਨ, ਪਰਮਾਤਮਾ ਦੇ ਗੁਣ ਸਾਰੇ ਔਗੁਣਾਂ ਨੂੰ ਕੱਟਣ ਦੀ ਸਮਰੱਥਾ ਰੱਖਦੇ ਹਨ। ਅਸਾਂ ਮਾਇਆ ਦੇ ਅਨੇਕਾਂ ਖਿਲਾਰੇ ਕਰ ਕੇ ਵੇਖ ਲਿਆ ਹੈ (ਭਾਵ, ਇਹ ਯਕੀਨ ਜਾਣੋ ਕਿ ਮਾਇਆ ਦੇ ਅਨੇਕਾਂ ਖਿਲਾਰੇ ਖਿਲਾਰਿਆਂ) ਪਰਮਾਤਮਾ ਦੇ ਨਾਮ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲਦਾ। ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਪਿਆਰ ਪਾਇਆਂ ਜੀਵ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।2।

(ਹੇ ਭਾਈ!) ਗੁਰੂ ਦੇ ਚਰਨਾਂ ਦੀ ਧੂੜ ਪ੍ਰਾਪਤ ਕਰਨੀ ਚਾਹੀਦੀ ਹੈ। ਇਹੀ ਹੈ ਤੀਰਥਾਂ ਦੇ ਇਸ਼ਨਾਨ, ਇਹੀ ਹੈ ਵਰਤ ਰੱਖਣੇ, ਇਹੀ ਹੈ ਇੰਦ੍ਰੀਆਂ ਨੂੰ ਵੱਸ ਕਰਨ ਦੇ ਲੱਖਾਂ ਉੱਦਮ। (ਪਰਮਾਤਮਾ ਇਹਨਾਂ ਬਾਹਰਲੇ ਧਾਰਮਿਕ ਸੰਜਮਾਂ ਨਾਲ ਨਹੀਂ ਪਤੀਜਦਾ, ਉਹ ਤਾਂ) ਜੀਵਾਂ ਦੇ ਅੰਗ-ਸੰਗ ਰਹਿ ਕੇ ਸਦਾ (ਜੀਵਾਂ ਦੇ ਸਭ-ਲੁਕਾਵੇਂ ਕੀਤੇ ਕੰਮ ਭੀ) ਵੇਖਦਾ ਹੈ (ਫਿਰ ਭੀ ਮੂਰਖ ਮਨੁੱਖ) ਕਿਸ ਤੋਂ ਲੁਕ ਕੇ (ਮੰਦੇ ਕਰਮ) ਕਰਦਾ ਹੈ? ਪਰਮਾਤਮਾ ਤਾਂ ਹਰੇਕ ਥਾਂ ਵਿਚ ਪੂਰੇ ਤੌਰ ਤੇ ਵਿਆਪਕ ਹੈ।3।

ਪਰਮਾਤਮਾ ਦੀ ਪਾਤਿਸ਼ਾਹੀ ਸਦਾ ਕਾਇਮ ਰਹਿਣ ਵਾਲੀ ਹੈ, ਪਰਮਾਤਮਾ ਦਾ ਹੁਕਮ ਅੱਟਲ ਹੈ, ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਥਾਂ ਭੀ ਸਦਾ ਕਾਇਮ ਰਹਿਣ ਵਾਲਾ ਹੈ। ਉਸ ਸਦਾ-ਥਿਰ ਪਰਮਾਤਮਾ ਨੇ ਅਟੱਲ ਕੁਦਰਤਿ ਰਚੀ ਹੋਈ ਹੈ, ਤੇ ਇਹ ਸਾਰਾ ਜਗਤ ਪੈਦਾ ਕੀਤਾ ਹੋਇਆ ਹੈ। ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ। ਹੇ ਨਾਨਕ! (ਆਖ—) ਮੈਂ ਉਸ ਪਰਮਾਤਮਾ ਤੋਂ ਸਦਾ ਹੀ ਸਦਕੇ ਜਾਂਦਾ ਹਾਂ।4।16। 86।